ਗਉੜੀ ਗੁਆਰੇਰੀ ਮਹਲਾ ੫ ॥ ਤੂੰ ਮੇਰਾ ਸਖਾ ਤੂੰਹੀ ਮੇਰਾ ਮੀਤੁ ॥ ਤੂੰ ਮੇਰਾ ਪ੍ਰੀਤਮੁ ਤੁਮ ਸੰਗਿ ਹੀਤੁ ॥ ਤੂੰ ਮੇਰੀ ਪਤਿ ਤੂਹੈ ਮੇਰਾ ਗਹਣਾ ॥ ਤੁਝ ਬਿਨੁ ਨਿਮਖੁ ਨ ਜਾਈ ਰਹਣਾ ॥੧॥ ਤੂੰ ਮੇਰੇ ਲਾਲਨ ਤੂੰ ਮੇਰੇ ਪ੍ਰਾਨ ॥ ਤੂੰ ਮੇਰੇ ਸਾਹਿਬ ਤੂੰ ਮੇਰੇ ਖਾਨ ॥੧॥ ਰਹਾਉ ॥ ਜਿਉ ਤੁਮ ਰਾਖਹੁ ਤਿਵ ਹੀ ਰਹਨਾ ॥ ਜੋ ਤੁਮ ਕਹਹੁ ਸੋਈ ਮੋਹਿ ਕਰਨਾ ॥ ਜਹ ਪੇਖਉ ਤਹਾ ਤੁਮ ਬਸਨਾ ॥ ਨਿਰਭਉ ਨਾਮੁ ਜਪਉ ਤੇਰਾ ਰਸਨਾ ॥੨॥ ਤੂੰ ਮੇਰੀ ਨਵ ਨਿਧਿ ਤੂੰ ਭੰਡਾਰੁ ॥ ਰੰਗ ਰਸਾ ਤੂੰ ਮਨਹਿ ਅਧਾਰੁ ॥ ਤੂੰ ਮੇਰੀ ਸੋਭਾ ਤੁਮ ਸੰਗਿ ਰਚੀਆ ॥ ਤੂੰ ਮੇਰੀ ਓਟ ਤੂੰ ਹੈ ਮੇਰਾ ਤਕੀਆ ॥੩॥ ਮਨ ਤਨ ਅੰਤਰਿ ਤੁਹੀ ਧਿਆਇਆ ॥ ਮਰਮੁ ਤੁਮਾਰਾ ਗੁਰ ਤੇ ਪਾਇਆ ॥ ਸਤਿਗੁਰ ਤੇ ਦ੍ਰਿੜਿਆ ਇਕੁ ਏਕੈ ॥ ਨਾਨਕ ਦਾਸ ਹਰਿ ਹਰਿ ਹਰਿ ਟੇਕੈ ॥੪॥੧੮॥੮੭॥ {ਪੰਨਾ 181}

ਪਦਅਰਥ:- ਸਖਾ—ਸਾਥੀ। ਹੀਤੁ—ਹਿਤੁ, ਪਿਆਰ। ਪਤਿ—ਇੱਜ਼ਤ। ਗਹਣਾ—ਜ਼ੇਵਰ, ਆਤਮਕ ਸੁੰਦਰਤਾ ਵਧਾਣ ਦਾ ਵਸੀਲਾ। ਨਿਮਖੁ—ਅੱਖ ਝਮਕਣ ਜਿਤਨਾ ਸਮਾ। ਨ ਜਾਈ ਰਹਣਾ—ਰਿਹਾ ਨਹੀਂ ਜਾ ਸਕਦਾ।1।

ਲਾਲਨ—ਲਾਡਲਾ। ਪ੍ਰਾਨ—ਜਿੰਦ (ਦਾ ਸਹਾਰਾ)। ਸਾਹਿਬ—ਮਾਲਕ।1। ਰਹਾਉ।

ਮੋਹਿ ਕਰਨਾ—ਮੈਨੂੰ ਕਰਨਾ ਪੈਂਦਾ ਹੈ। ਜਹ—ਜਿੱਥੇ। ਪੇਖਉ—ਪੇਖਉਂ, ਮੈਂ ਵੇਖਦਾ ਹਾਂ। ਰਸਨਾ—ਜੀਭ (ਨਾਲ)।2।

ਨਵ ਨਿਧਿ—(ਧਰਤੀ ਦੇ ਸਾਰੇ ਹੀ) ਨੌ ਖ਼ਜ਼ਾਨੇ। ਭੰਡਾਰੁ—ਖ਼ਜ਼ਾਨਾ। ਮਨਹਿ—ਮਨ ਦਾ। ਆਧਾਰੁ—ਆਸਰਾ। ਸੰਗਿ—ਨਾਲ। ਰਚੀਆ—ਸੁਰਤਿ ਜੁੜੀ ਹੋਈ ਹੈ। ਤਕੀਆ—ਸਹਾਰਾ।3।

ਤੁਹੀ—ਤੈਨੂੰ ਹੀ। ਮਰਮੁ—ਭੇਦ। ਤੇ—ਤੋਂ, ਪਾਸੋਂ। ਟੇਕ—ਆਸਰਾ।4।

ਅਰਥ:- (ਹੇ ਪ੍ਰਭੂ!) ਤੂੰ ਮੇਰਾ ਸੋਹਣਾ ਲਾਲ ਹੈਂ, ਤੂੰ ਮੇਰੀ ਜਿੰਦ (ਦਾ ਸਹਾਰਾ) ਹੈਂ, ਤੂੰ ਮੇਰਾ ਸਾਹਿਬ ਹੈਂ, ਤੂੰ ਮੇਰਾ ਖ਼ਾਨ ਹੈਂ।1। ਰਹਾਉ।

(ਹੇ ਪ੍ਰਭੂ!) ਤੂੰ ਹੀ ਮੇਰਾ ਸਾਥੀ ਹੈਂ, ਤੂੰ ਹੀ ਮੇਰਾ ਮਿੱਤਰ ਹੈਂ, ਤੂੰ ਹੀ ਮੇਰਾ ਪ੍ਰੀਤਮ ਹੈਂ, ਮੇਰਾ ਤੇਰੇ ਨਾਲ ਹੀ ਪਿਆਰ ਹੈ। (ਹੇ ਪ੍ਰਭੂ!) ਤੂੰ ਹੀ ਮੇਰੀ ਇੱਜ਼ਤ ਹੈਂ, ਤੂੰ ਹੀ ਮੇਰਾ ਗਹਿਣਾ ਹੈਂ। ਤੈਥੋਂ ਬਿਨਾ ਮੈਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਰਹਿ ਸਕਦਾ।1।

(ਹੇ ਪ੍ਰਭੂ!) ਜਿਵੇਂ ਤੂੰ ਮੈਨੂੰ ਰੱਖਦਾ ਹੈਂ ਤਿਵੇਂ ਹੀ ਮੈਂ ਰਹਿੰਦਾ ਹਾਂ। ਮੈਂ ਉਹੀ ਕਰਦਾ ਹਾਂ ਜੋ ਤੂੰ ਮੈਨੂੰ ਹੁਕਮ ਕਰਦਾ ਹੈਂ। ਮੈਂ ਜਿਧਰ ਵੇਖਦਾ ਹਾਂ ਉਧਰ ਹੀ ਮੈਨੂੰ ਤੂੰ ਹੀ ਵੱਸਦਾ ਦਿੱਸਦਾ ਹੈਂ। ਮੈਂ ਆਪਣੀ ਜੀਭ ਨਾਲ ਤੇਰਾ ਨਾਮ ਜਪਦਾ ਰਹਿੰਦਾ ਹਾਂ ਜੇਹੜਾ ਦੁਨੀਆ ਦੇ ਡਰਾਂ ਤੋਂ ਬਚਾ ਕੇ ਰੱਖਣ ਵਾਲਾ ਹੈ।2।

(ਹੇ ਪ੍ਰਭੂ!) ਤੂੰ ਹੀ ਮੇਰੇ ਵਾਸਤੇ ਦੁਨੀਆ ਦੇ ਨੌ ਖ਼ਜ਼ਾਨੇ ਹੈਂ, ਤੂੰ ਹੀ ਮੇਰਾ ਖ਼ਜ਼ਾਨਾ ਹੈਂ। ਤੂੰ ਹੀ ਮੇਰੇ ਵਾਸਤੇ ਦੁਨੀਆ ਦੇ ਰੰਗ ਅਤੇ ਰਸ ਹੈਂ ਤੂੰ ਹੀ ਮੇਰੇ ਮਨ ਦਾ ਸਹਾਰਾ ਹੈਂ। ਹੇ ਪ੍ਰਭੂ! ਤੂੰ ਹੀ ਮੇਰੇ ਵਾਸਤੇ ਸੋਭਾ-ਵਡਿਆਈ ਹੈਂ, ਮੇਰੀ ਸੁਰਤਿ ਤੇਰੇ (ਚਰਨਾਂ) ਵਿਚ ਹੀ ਜੁੜੀ ਹੋਈ ਹੈ। ਤੂੰ ਹੀ ਮੇਰੀ ਓਟ ਹੈਂ ਤੂੰ ਹੀ ਮੇਰਾ ਆਸਰਾ ਹੈਂ।3।

(ਹੇ ਪ੍ਰਭੂ!) ਮੈਂ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਤੈਨੂੰ ਹੀ ਸਿਮਰਦਾ ਰਹਿੰਦਾ ਹਾਂ। ਤੇਰਾ ਭੇਦ ਮੈਂ ਗੁਰੂ ਪਾਸੋਂ ਲੱਭਾ ਹੈ। ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਪਾਸੋਂ ਇਕ ਪਰਮਾਤਮਾ ਦਾ ਨਾਮ ਹੀ ਹਿਰਦੇ ਵਿਚ ਪੱਕਾ ਕਰਨ ਲਈ ਪ੍ਰਾਪਤ ਕੀਤਾ ਹੈ, ਉਸ ਸੇਵਕ ਨੂੰ ਸਦਾ ਹਰਿ-ਨਾਮ ਦਾ ਹੀ ਸਹਾਰਾ ਹੋ ਜਾਂਦਾ ਹੈ।4।18। 87।